**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸਰੋਜ ਗੋਇਲ, (98153-87788)
ਮਕਾਨ ਨੰ:1529, ਸੈਕਟਰ 22-ਬੀ,
ਚੰਡੀਗੜ੍ਹ।                                                    .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਸ਼ਹੀਦ ਕਾਂਸ਼ੀ ਰਾਮ ਮੈਮੋਰੀਅਲ ਕਾਲਿਜ,
ਭਾਗੋਮਾਜਰਾ (ਖਰੜ)।                                                    ........ ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:10 ਆਫ਼ 2018</u>**

**<u>ਹਾਜ਼ਰ:-</u>**

1) ਸ਼੍ਰੀਮਤੀ ਸਰੋਜ ਗੋਇਲ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਐਮ.ਪੀ. ਸਿੰਘ, ਪ੍ਰਿੰਸੀਪਲ (98720-23658) ਅਤੇ ਸ਼੍ਰੀ ਨਰਿੰਦਰ ਸਿੰਘ, ਸੁਪਰਡੰਟ।

**<u>ਹਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸ਼ਹੀਦ ਕਾਂਸ਼ੀ ਰਾਮ ਮੈਮੋਰੀਅਲ ਕਾਲਿਜ, ਭਾਗੋਮਾਜਰਾ (ਖਰੜ) ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਿੱਤੀ ਸਾਲ 2009-10 ਬਾਰੇ ਆਪਣੇ ਇੰਨਕਮ ਟੈਕਸ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਮ.ਪੀ. ਸਿੰਘ, ਪ੍ਰਿੰਸੀਪਲ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਨੁਕਤਾਵਾਰ ਸੂਚਨਾ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਮਿਤੀ 03-11-2018 ਨੂੰ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1795, ਮਿਤੀ 03-11-2018 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਸ਼ਿਕਾਇਤਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਕੇਸ ਨੂੰ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ, ਚੰਡੀਗੜ੍ਹ, 20 ਫਰਵਰੀ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:788, ਪਾਰਕ ਰੋਡ,
ਨਵੀਂ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ। ........ਉੱਤਰਦਾਤਾ

**ਅਪੀਲ ਕੇਸ ਨੰ:2572 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (99881-49324)।

**ਹੁਕਮ:**

ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਸੀ ਪਰ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ. ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਕੋਲੋਂ ਪੱਤਰ ਨੰ:15, ਮਿਤੀ 17-05-2018 ਪ੍ਰਾਪਤ ਹੋਇਆ ਸੀ ਜਿਸ ਦਾ ਜਵਾਬ ਉਸ ਵੱਲੋਂ ਮਿਤੀ 27-05-2018 ਨੂੰ ਭੇਜ਼ ਦਿੱਤਾ ਗਿਆ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਤੋਂ ਬਾਅਦ ਅਜੇ ਤੱਕ ਨਾ ਉਸ ਨੂੰ ਸੂਚਨਾ ਭੇਜੀ ਗਈ ਹੈ ਅਤੇ ਨਾ ਹੀ ਕੋਈ ਜਵਾਬ ਭੇਜਿਆ ਗਿਆ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਲਾਲ, ਕਲਰਕ ਨੇ ਕਿਹਾ ਹੈ ਉਨ੍ਹਾਂ ਨੂੰ ਅਪੀਲਕਰਤਾ ਦਾ ਪੱਤਰ, ਮਿਤੀ 27-05-2018, ਜਿਸ ਰਾਹੀਂ ਅਪੀਲਕਰਤਾ ਨੇ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਗਿਆ ਸੀ, ਪ੍ਰਾਪਤ ਨਹੀਂ ਹੋਇਆ। ਹਾਜ਼ਰ ਉੱਤਰਦਾਤਾ ਨੂੰ ਅਪੀਲਕਰਤਾ ਦੇ ਪੱਤਰ, ਮਿਤੀ 27-05-2018 ਦੀ ਕਾਪੀ ਦਸਤੀ ਦੇ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਪੱਤਰ, ਮਿਤੀ 27-05-2018 ਰਾਹੀਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ, ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਣਾ ਯਕੀਨੀ ਬਣਾਉਂਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 19-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2709 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਕੇਸ਼ ਅਰੋੜਾ, ਕਾਰਜ ਸਾਧਕ ਅਫਸਰ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਵੱਛ-ਅਭਿਆਨ ਮੁਹਿੰਮ ਅਤੇ ਹੋਰਨਾਂ ਮਾਮਲਿਆਂ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2018 ਨੂੰ ਪਹਿਲੀ ਸੁਣਵਾਈ ਮਿਤੀ 25-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਕੇਸ਼ ਅਰੋੜਾ, ਕਾਰਜ ਸਾਧਕ ਅਫਸਰ ਨੇ ਕਮਿਸ਼ਨ ਦੇ ਹੁਕਮ, ਮਿਤੀ 23-10-2018 ਦੀ ਪਾਲਣਾ ਹਿੱਤ ਮੁਆਵਜ਼ੇ ਵਜੋਂ 4000/-ਰੁਪਏ(ਕੇਵਲ ਚਾਰ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਅਪੀਲਕਰਤਾ ਨੂੰ ਦਸਤੀ ਦੇ ਦਿੱਤਾ ਗਿਆ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਪਟੀ ਕਮਿਸ਼ਨਰ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ:15 ਆਫ਼ 2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਜਗਪ੍ਰੀਤ ਸਿੰਘ, ਕਲਰਕ ਦਫ਼ਤਰ ਉਪ ਮੰਡਲ ਮੈਜਿਸਟਰੇਟ, ਮਲੇਰਕੋਟਲਾ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨਾਂ ਵੱਲੋਂ ਆਪਣੇ ਪੱਤਰ ਨੰ:15/ਆਰ.ਟੀ.ਆਈ., ਮਿਤੀ 11-02-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:14/ਆਰ.ਟੀ.ਆਈ., ਮਿਤੀ 01-02-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਜ਼ਾਹਿਰ ਕਰਦੇ ਹੋਏ ਕੇਸ ਦਾਖਲ ਦਫ਼ਤਰ ਕਰਨ ਲਈ ਸਹਿਮਤੀ ਪ੍ਰਗਟਾਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਜ਼ਿਲ੍ਹਾ ਉਦਯੋਗ ਕੇਂਦਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ,
ਉਦਯੋਗ ਅਤੇ ਕਮਰਸ ਵਿਭਾਗ,
ਪੰਜਾਬ ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:3640 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਵੱਲੋਂ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ ਨੰ:1507, ਮਿਤੀ 01-02-2019 ਰਾਹੀਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਗਿਆ ਸੀ ਪਰੰਤੂ ਉੱਤਰਦਾਤਾ ਵੱਲੋਂ ਅਜੇ ਤੱਕ ਉਸ ਨੂੰ ਕੋਈ ਸੂਚਨਾ/ਜਵਾਬ ਨਹੀਂ ਭੇਜਿਆ ਗਿਆ । ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਅਗਲੀ ਪੇਸ਼ੀ ਤੇ ਖੁਦ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ (90410-04313)
ਪਿੰਡ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਮਲੇਰਕੋਟਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:18 ਆਫ਼ 2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਿਸ਼ਨ ਦਾਸ, ਚੀਫ ਸੈਨੇਟਰੀ ਇੰਸਪੈਕਟਰ (82648-64242)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਮਲੇਰਕੋਟਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਵੱਛ ਅਭਿਆਨ ਤਹਿਤ ਨਗਰ ਕੌਂਸਿਲ ਕੋਲ ਹੋਣ ਵਾਲੀਆਂ ਡਸਟਬਿੰਨਾਂ ਆਦਿ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-01-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-02-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਿਸ਼ਨ ਦਾਸ, ਚੀਫ ਸੈਨੇਟਰੀ ਇੰਸਪੈਕਟਰ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉੱਤਰਦਾਤਾ ਵੱਲੋਂ ਦਿੱਤੀ ਗਈ ਸੂਚਨਾ ਦੇ ਨੁਕਤਾ ਨੰ:1, 6 ਅਤੇ 7 ਵਿੱਚ ਤਰੁੱਟੀਆਂ ਹਨ ਜਿਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਆਰ.ਟੀ.ਆਈ. ਐਕਟ ਤਹਿਤ ਬਣਦੀ ਨੁਕਤਾ ਨੰ:1,6 ਅਤੇ 7 ਬਾਰੇ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜੀ ਜਾਣੀ ਯਕੀਨੀ ਬਣਾਈ ਜਾਵੇ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-03-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ,
ਖੰਨਾ-141401,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਮੁੱਖ ਇੰਜੀਨੀਅਰ (ਉੱਤਰੀ),
ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ),
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਵਧੀਕ ਸਕੱਤਰ, ਲੋਕ ਨਿਰਮਾਣ ਵਿਭਾਗ,
(ਇਮਾਰਤਾਂ ਤੇ ਸੜਕਾਂ), ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ: 2941 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਐਸ.ਆਰ. ਬੈਂਸ, ਐਸ.ਡੀ.ਓ.(98786-87077)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 19-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਮੁੱਖ ਇੰਜੀਨੀਅਰ (ਉੱਤਰੀ), ਹੈੱਡ ਆਫਿਸ, ਲੋਕ ਨਿਰਮਾਣ ਵਿਭਾਗ,(ਇਮਾਰਤਾਂ ਤੇ ਸੜਕਾਂ), ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਕਾਰਜਕਾਰੀ ਇੰਜੀਨੀਅਰ, ਕੰਸਟ੍ਰਕਸ਼ਨ ਡਿਵੀਜ਼ਨ, ਲੋਕ ਨਿਰਮਾਣ ਵਿਭਾਗ, (ਇਮਾਰਤਾਂ ਤੇ ਸੜਕਾਂ), ਪਟਿਆਲਾ ਵੱਲੋਂ ਐਨਲਿਸਟਮੈਂਟ ਸਰਟੀਫਿਕੇਟ ਨੂੰ ਕੈਂਸਲ ਕਰਨ ਵਿਰੁੱਧ ਮਿਤੀ 21-02-2018 ਨੂੰ ਪੋਸਟ ਕੀਤੀ ਗਈ ਸ਼ਿਕਾਇਤ ਮਿਤੀ 19-02-2018 ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 31-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-10-2018 ਨੂੰ ਪਹਿਲੀ ਸੁਣਵਾਈ, ਮਿਤੀ 01-11-2018 ਨੂੰ ਸਵੇਰੇ 11-30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਐਸ.ਆਰ. ਬੈਂਸ, ਐਸ.ਡੀ.ਓ. ਨੇ ਪੱਤਰ ਨੰ:3718, ਮਿਤੀ 05-02-2019 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ, ਚੰਡੀਗੜ੍ਹ, 20 ਫਰਵਰੀ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)

ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1, ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ. ਸੰਗਰੂਰ। ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਏ.ਐਸ. ਕਾਲਿਜ ਖੰਨਾ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3183 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਕੇਸ਼ ਕੇ.ਸ਼ਾਹੀ,ਐਡਵੋਕੇਟ (97803-00415)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਏ.ਐਸ. ਕਾਲਿਜ ਖੰਨਾ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਕਾਲਿਜ ਵਿੱਚ ਪੜ੍ਹਦੇ ਵਿਦਿਆਰਥੀਆਂ ਅਤੇ ਪ੍ਰਾਪਤ ਕੀਤੇ ਗਏ ਵਜ਼ੀਫਿਆਂ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 25-10-2018 ਨੂੰ ਅੱਜ ਪਹਿਲੀ ਸੁਣਵਾਈ ਮਿਤੀ 20-11-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਕੇਸ਼ ਕੇ. ਸ਼ਾਹੀ, ਐਡਵੋਕੇਟ ਨੇ ਆਪਣਾ ਲਿਖਤੀ ਬਿਆਨ, ਮਿਤੀ 20-02-2019 ਪੇਸ਼ ਕੀਤਾ ਹੈ ਜਿਸ ਰਾਹੀਂ ਉਸ ਵੱਲੋਂ ਕਿਹਾ ਗਿਆ ਹੈ ਕਿ ਉਹ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇਣ ਲਈ ਤਿਆਰ ਹਨ। ਉਨ੍ਹਾਂ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਅਪੀਲਕਰਤਾ ਨੂੰ ਕਿਹਾ ਜਾਵੇ ਕਿ ਉਹ ਕਿਸੇ ਕੰਮ ਵਾਲੇ ਦਿਨ ਕਾਲਿਜ ਤੋਂ ਸੂਚਨਾ ਪ੍ਰਾਪਤ ਕਰ ਲਵੇ ਕਿਉਂਕਿ ਉਸ ਵੱਲੋਂ ਮੰਗੀ ਗਈ ਸੂਚਨਾ ਦਾ ਰਿਕਾਰਡ ਬਹੁਤ ਜ਼ਿਆਦਾ ਹੈ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਲਗਾਤਾਰ ਤਿੰਨ ਪੇਸ਼ੀਆਂ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕਿਸੇ ਕੰਮ ਵਾਲੇ ਦਿਨ ਉੱਤਰਦਾਤਾ ਦੇ ਦਫ਼ਤਰ ਜਾ ਕੇ ਆਰ.ਟੀ.ਆਈ. ਐਕਟ, 2005 ਦੇ ਨਿਯਮਾਂ ਤਹਿਤ ਬਣਦੀ ਫੀਸ ਜਮ੍ਹਾਂ ਕਰਵਾ ਕੇ ਐਕਟ ਤਹਿਤ ਬਣਦੀ ਸੂਚਨਾ ਪ੍ਰਾਪਤ ਕਰ ਲਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗੁਰਪਾਲ ਸਿੰਘ,(97818-00638)
ਮਕਾਨ ਨੰ:ਐਚ.ਐਲ.-638,
ਫੇਸ-9, ਮੁਹਾਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3329 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਸਜੀਤ ਸਿੰਘ, ਐਡਵੋਕੇਟ (98145-11529) ਅਤੇ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹੁਕਮ:**

ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਪੱਤਰ ਨੰ:ਪੀ.ਐਨ.ਆਰ.ਸੀ./2019/87, ਮਿਤੀ 18-02-2019 ਦੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉਕਤ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਸਜੀਤ ਸਿੰਘ, ਐਡਵੋਕੇਟ ਨੇ ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦੇ ਸਬੰਧ ਵਿੱਚ ਹਲਫੀਆ-ਬਿਆਨ, ਮਿਤੀ 18-02-2019 ਰਾਹੀਂ ਜਵਾਬ ਪੇਸ਼ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ ਅਤੇ ਭਰੋਸਾ ਦਿੱਤਾ ਹੈ ਕਿ ਲੋਕ ਸੂਚਨਾ ਅਧਿਕਾਰੀ ਅਗਲੀ ਪੇਸ਼ੀ ਤੇ ਖੁਦ ਹਾਜ਼ਰ ਹੋਣਗੇ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 25-02-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 20 ਫਰਵਰੀ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਪਾਲ ਸਿੰਘ, (97818-00638)
ਮਕਾਨ ਨੰ:638, ਫੇਸ-9,
ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ।

ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੈਡੀਕਲ ਸਿੱਖਿਆ ਭਵਨ,
ਸੈਕਟਰ-69, ਮੁਹਾਲੀ। -----ਉੱਤਰਦਾਤਾ

**ਅਪੀਲ ਕੇਸ ਨੰ:3176 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਸਜੀਤ ਸਿੰਘ, ਐਡਵੋਕੇਟ (98145-11529) ਅਤੇ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹੁਕਮ:**

ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਪੱਤਰ ਨੰ:ਪੀ.ਐਨ.ਆਰ.ਸੀ./2019/87, ਮਿਤੀ 18-02-2019 ਦੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉਕਤ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਸਜੀਤ ਸਿੰਘ, ਐਡਵੋਕੇਟ ਨੇ ਸ਼੍ਰੀ ਕੇ.ਡੀ. ਸਿੰਘ, ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦੇ ਸਬੰਧ ਵਿੱਚ ਹਲਫੀਆ-ਬਿਆਨ, ਮਿਤੀ 18-02-2019 ਰਾਹੀਂ ਜਵਾਬ ਪੇਸ਼ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ ਅਤੇ ਭਰੋਸਾ ਦਿੱਤਾ ਹੈ ਕਿ ਲੋਕ ਸੂਚਨਾ ਅਧਿਕਾਰੀ ਅਗਲੀ ਪੇਸ਼ੀ ਤੇ ਖੁਦ ਹਾਜ਼ਰ ਹੋਣਗੇ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 25-02-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਿਜੈ ਹੰਸ, ਐਡਵੋਕੇਟ, (98883-88052)
ਮਕਾਨ ਨੰ:31,
ਸੱਤਿਆ ਨਿਵਾਸ, ਸਿਲਵਰ ਸਿਟੀ,
ਜ਼ੀਰਕਪੁਰ-140603. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ)।
ਪੰਜਾਬ, ਸਿੱਖਿਆ ਭਾਵਨ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3663 ਆਫ਼ 2018**

**ਹਾਂਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ(94170-59516)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-08-2018, ਲੋਕ ਸੂਚਨਾ ਅਧਿਕਾਰੀ, ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ, ਸਿੱਖਿਆ ਭਾਵਨ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਡਾਕਟਰ ਭੁਪਿੰਦਰਪਾਲ ਸਿੰਘ, ਦੀ ਬਤੌਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ ਤੈਨਾਤੀ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਸਬੰਧੀ ਆਪਣੇ ਪੱਤਰ ਨੰ:251-254, ਮਿਤੀ 22-01-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 20 ਫਰਵਰੀ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦਬਕੇਸ਼ ਕੁਮਾਰ, (76960-03777)
ਪੁੱਤਰ ਸ਼੍ਰੀ ਗੰਗਾਰਾਮ,
#306, ਨਰਸਿੰਗ ਹੋਸਟਲ, ਫੇਸ-2,
ਜੀ.ਐਮ.ਸੀ.ਐਚ-32,
ਚੰਡੀਗੜ੍ਹ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟੋਰੇਟ ਆਫ
ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟੋਰੇਟ ਆਫ
ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ,
ਮੁਹਾਲੀ। ........ ਉੱਤਰਦਾਤਾ

**ਅਪੀਲ ਕੇਸ ਨੰ:3772 ਆਫ਼ 2018**

**ਹਾਜ਼ਰ:-** 1) ਸ਼੍ਰੀ ਦਬਕੇਸ਼ ਕੁਮਾਰ,ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਧਰਮਿੰਦਰ, ਸੀਨੀਅਰ ਸਹਾਇਕ (78370-03393)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-07-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟੋਰੇਟ ਆਫ ਮੈਡੀਕਲ ਸਿੱਖਿਆ ਅਤੇ ਖੋਜ਼, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗਰੁੱਪ ਸੀ ਅਤੇ ਨਰਸਿੰਗ ਸਟਾਫ ਆਦਿ ਨੂੰ ਮਿਲਣ ਵਾਲੀਆਂ ਗਜ਼ਟਿਡ ਛੁੱਟੀਆਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 02-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 04-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਧਰਮਿੰਦਰ, ਸੀਨੀਅਰ ਸਹਾਇਕ ਨੇ ਪੱਤਰ ਨੰ:1ਐ.ਈ.-2-ਪੰ:2018/3514-15, ਮਿਤੀ 18-02-2019 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਇੱਕ ਕਾਪੀ ਦੁਬਾਰਾ ਫਿਰ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੀਵਨ ਗਰਗ,
ਮਕਾਨ ਨੰ ਬੀ-1/473-ਏ,
ਸਾਹਮਣੇ ਪੁਰਾਣਾ ਬੰਬੇ ਪੈਲੇਸ,
ਜਾਖਲ ਰੋਡ ਸੁਨਾਮ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ
ਸੁਪਰਡੰਟ/ਮੁੱਖ ਪ੍ਰਬੰਧਕੀ ਅਫਸਰ,
ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ,
ਜ਼ਿਲ੍ਹਾ ਕੋਰਟ ਕੰਪਲੈਕਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 3837 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਰਸ਼ਦੀਪ ਸਿੰਘ, ਕਲਰਕ (94639-10148)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2018 ਨੂੰ ਲੋਕ ਸੂਚਨਾ ਅਧਿਕਾਰੀ-ਕਮ-ਸੁਪਰਡੰਟ/ਮੁੱਖ ਪ੍ਰਬੰਧਕੀ ਅਫਸਰ, ਦਫ਼ਤਰ ਜ਼ਿਲਾ ਅਤੇ ਸੈਸ਼ਨ ਜੱਜ, ਜ਼ਿਲ੍ਹਾ ਕੋਰਟ ਕੰਪਲੈਕਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 03-03-2012 ਤੋਂ ਜੁਡੀਸ਼ੀਅਲ ਅਧਿਕਾਰੀਆਂ ਵਿਰੁੱਧ ਪ੍ਰਾਪਤ ਹੋਈਆਂ ਸ਼ਿਕਾਇਤਾਂ ਨੂੰ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੂੰ ਤਬਦੀਲ ਕਰਨ ਜਾਂ ਨਾ ਕਰਨ ਬਾਰੇ ਅਤੇ ਸ਼ਿਕਾਇਤਾਂ ਦੀ ਮੌਜੂਦਾ ਸਥਿਤੀ (Status) ਆਦਿ ਨਾਲ ਸਬੰਧਤ 17 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2018 ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 12-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 03-12-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 15-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਰਸ਼ਦੀਪ ਸਿੰਘ, ਕਲਰਕ ਨੇ ਦੱਸਿਆ ਹੈ ਕਿ ਉਨ੍ਹਾਂ ਦੇ ਪੱਤਰ ਨੰ:1285/ਈ.ਬੀ., ਮਿਤੀ 12-02-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ. ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਮੰਨਿਆ ਹੈ ਕਿ ਉਸ ਨੂੰ ਮੰਗੀ ਗਈ ਮਿਲ ਗਈ ਹੈ ਅਤੇ ਇਹ ਕੇਸ ਬੰਦ ਕਰਨ ਲਈ ਬੇਨਤੀ ਕੀਤੀ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 20 ਫਰਵਰੀ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਓਮ ਪ੍ਰਕਾਸ਼ ਸ਼ਰਮਾ, (94637-86486)
ਪੁੱਤਰ ਸ਼੍ਰੀ ਜਗਨ ਨਾਥ,
ਮੰਡੀ ਹਰਜੀ ਰਾਮ,
ਗਲੀ ਪੰਡਿਤ ਜਗਨ ਨਾਥ ਵਾਲੀ,
ਮਲੋਟ-152107.
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਮਲੌਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।

ਸ਼੍ਰੀਮਤੀ ਗੁਰਦੀਪ ਕੌਰ,
ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਮਲੌਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:855 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ, ਸ਼੍ਰੀਮਤੀ ਗੁਰਦੀਪ ਕੌਰ, ਲੋਕ ਸੂਚਨਾ ਅਧਿਕਾਰੀ (95010-02023)

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-06-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਮਲੌਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੈਨਸ਼ਨ ਦੀ ਸੋਧ ਲਈ ਆਪਣੀ ਸੇਵਾ-ਪੱਤਰੀ ਦੀ ਕਾਪੀ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਸਮੇਂ ਉੱਤਰਦਾਤਾ, ਸ਼੍ਰੀਮਤੀ ਗੁਰਦੀਪ ਕੌਰ, ਲੋਕ ਸੂਚਨਾ ਅਧਿਕਾਰੀ ਨੇ ਆਪਣੇ ਪੱਤਰ ਨੰ:201956173, ਮਿਤੀ 20-02-2019 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਮਹੱਈਆ ਕਰਾਉਣ ਬਾਰੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਪੇਸ਼ ਕੀਤਾ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਮਿਤੀ 11-06-2018 ਉਨ੍ਹਾਂ ਨੂੰ ਮਿਤੀ 14-06-2018 ਨੂੰ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਕੋਲੋਂ ਪੱਤਰ ਨੰ:193/18/ਬੀ., ਮਿਤੀ 10-07-2018 ਰਾਹੀਂ ਸਪੱਸ਼ਟੀਕਰਣ ਮੰਗਿਆ ਗਿਆ ਸੀ। ਉੱਤਰਦਾਤਾ ਵੱਲੋਂ ਆਪਣੇ ਜਵਾਬ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਸ਼ਿਕਾਇਤਕਰਤਾ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:855 ਆਫ਼ 2018

ਦੀ ਸੇਵਾ-ਪੱਤਰੀ ਗੁੰਮ ਹੋ ਗਈ ਸੀ ਅਤੇ ਸੇਵਾ-ਪੱਤਰੀ ਨਾਲ ਸਬੰਧਤ ਰਿਕਾਰਡ ਵੱਖ-ਵੱਖ ਸਕੂਲਾਂ ਵਿੱਚੋਂ ਇਕੱਠਾ ਕਰਨ ਦੀ ਲੋੜ ਸੀ ਜਿਸ ਕਾਰਨ ਸੇਵਾਪੱਤਰੀ ਸ਼ਿਕਾਇਤਕਰਤਾ ਨੂੰ ਪਹਿਲਾਂ ਮੁਹੱਈਆ ਨਹੀਂ ਕਰਵਾਈ ਜਾ ਸਕੀ। ਉਨ੍ਹਾਂ ਵੱਲੋਂ ਦੱਸਿਆ ਗਿਆ ਹੈ ਕਿ ਹੁਣ ਰਿਕਾਰਡ ਇਕੱਠਾ ਕਰ ਲਿਆ ਗਿਆ ਹੈ ਅਤੇ ਭਰੋਸਾ ਦਿੱਤਾ ਗਿਆ ਹੈ ਕਿ ਦੁਪਰਤੀ ਸੇਵਾ ਪੱਤਰੀ ਤਿਆਰ ਕਰਕੇ ਸ਼ਿਕਾਇਤਕਰਤਾ ਨੂੰ ਦੇ ਦਿੱਤੀ ਜਾਵੇਗੀ। ਉੱਤਰਦਾਤਾ ਵੱਲੋ ਆਪਣੇ ਜਵਾਬ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਿੱਚ ਜਾਣ-ਬੁੱਝ ਕੇ ਕੋਈ ਦੇਰੀ ਨਹੀਂ ਕੀਤੀ ਗਈ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਹਲਫੀਆ ਬਿਆਨ ਰਾਹੀਂ ਵੀ ਸਥਿਤੀ ਸਪੱਸ਼ਟ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਗਿਆ ਹੈ ਅਤੇ ਕਮਿਸ਼ਨ ਵੱਲੋਂ ਹੁਕਮ, ਮਿਤੀ 21-01-2019 ਰਾਹੀਂ ਉਸ ਨੂੰ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਦਾਖਲ ਦਫ਼ਤਰ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ।

3. ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਮਿਤੀ 11-06-2018 ਜੋ ਕਿ ਉੱਤਰਦਾਤਾ ਨੂੰ ਮਿਤੀ 14-06-2018 ਨੂੰ ਪ੍ਰਾਪਤ ਹੋਈ ਸੀ ਬਾਰੇ ਉੱਤਰਦਾਤਾ ਵੱਲੋਂ ਪੱਤਰ ਨੰ:193/18/ਬੀ., ਮਿਤੀ 10-07-2018 ਰਾਹੀਂ ਭਾਵ ਸਮੇਂ ਸਿਰ ਸ਼ਿਕਾਇਤਕਰਤਾ ਕੋਲੋਂ ਸਪੱਸ਼ਟੀਕਰਣ ਮੰਗਿਆ ਗਿਆ ਸੀ। ਇਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ ਸੀ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋ ਪਹਿਲਾਂ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਦੇ ਬਾਵਜੂਦ ਉੱਤਰਦਾਤਾ ਵੱਲੋਂ ਸੂਚਨਾ ਤਿਆਰ ਕਰਕੇ ਸ਼ਿਕਾਇਤਕਰਤਾ ਨੂੰ ਦੇਣ ਦਾ ਭਰੋਸਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਸਪੱਸਟੀਕਰਣ ਪ੍ਰਵਾਨ ਕਰਦੇ ਹੋਏ ਕਮਿਸ਼ਨ ਵੱਲੋਂ ਹੁਕਮ, ਮਿਤੀ 21-01-2019 ਰਾਹੀਂ ਉਸ ਨੂੰ ਜਾਰੀ ਕੀਤਾ ਗਿਆ **ਕਾਰਨ ਦੱਸੋ ਨੋਟਿਸ ਖਾਰਜ ਕੀਤਾ ਜਾਂਦਾ ਹੈ।** ਇਸ ਤੋਂ ਇਲਾਵਾ ਉੱਤਰਤਦਾਤਾ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਦੁਪਰਤੀ ਸੇਵਾ-ਪੱਤਰੀ ਤਿਆਰ ਕਰਕੇ ਉਸ ਨੂੰ 15 ਦਿਨਾਂ ਦੇ ਅੰਦਰ-ਅੰਦਰ ਮੁਹੱਈਆ ਕਰ ਦਿੱਤੀ ਜਾਵੇ।ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ, ਚੰਡੀਗੜ੍ਹ, 20 ਫਰਵਰੀ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਕੌਸ਼ਿਕ, (99150-43105)
ਪ੍ਰਿੰਸੀਪਲ (ਰਿਟਾਇਰਡ),
72 ਏ-ਐਸ, ਗਲੀ ਨੰ: 2
ਸੰਤ ਨਗਰ, ਪਟਿਆਲਾ। ----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ, ਡਾਇਰੈਕਟਰ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੋਹਾਲੀ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 1026 ਆਫ਼ 2018**

**ਹਾਜ਼ਰ:-** 1) ਸ਼੍ਰੀ ਕ੍ਰਿਸ਼ਨ ਕੌਸ਼ਿਕ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ (94170-59516)।

**ਹੁਕਮ:**

ਅੱਜ ਪੇਸ਼ੀ ਸਮੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜ਼ਸਪਾਲ ਸਿੰਘ, ਸੀਨੀਅਰ ਸਹਾਇਕ ਨੇ ਪੇਸ਼ੀ ਦੌਰਾਨ ਪੱਤਰ ਨੰ:534-535, ਮਿਤੀ 18-02-2019 ਰਾਹੀਂ ਸ਼ਿਕਾਇਤਕਰਤਾ ਨੂੰ ਦਸਤੀ ਸੂਚਨਾ ਦੇ ਦਿੱਤੀ ਹੈ ਜਿਸ ਦੀ ਇੱਕ ਕਾਪੀ ਕਮਿਸ਼ਨ ਨੂੰ ਵੀ ਦਿੱਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤ ਰੱਖ ਲਿਆ ਗਿਆ ਹੈ।ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 19-03-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ, ਚੰਡੀਗੜ੍ਹ, 20 ਫਰਵਰੀ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਮ ਨਿਵਾਸ, (85588-93351)
ਮਾਰਫ਼ਤ ਸ਼੍ਰੀ ਮੰਜੂ ਸਿੰਘ
ਵਾਸੀ ਮਕਾਨ ਨੰ:681,
ਸੈਕਟਰ-19, ਪੰਚਕੂਲਾ। -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ।

ਸ਼੍ਰੀ ਕੇ.ਡੀ. ਸਿੰਘ,
ਰਜਿਸਟਰਾਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਜਿਸਟਰਾਰ,
ਪੰਜਾਬ ਨਰਸਿਜ਼ ਰਜਿਸਟਰੇਸ਼ਨ ਕੌਂਸਿਲ,
ਮੋਹਾਲੀ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:1036 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ (98880-66127)।

**ਹੁਕਮ:**

ਸ਼ਿਕਾਇਤਕਰਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਕਿਹਾ ਹੈ ਕਿ ਉਸ ਕੋਲ ਆਰ.ਟੀ.ਆਈ. ਦੀ ਕਾਪੀ ਨਹੀਂ ਹੈ। ਇਸ ਕਰਕੇ ਉਸ ਨੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਨੂੰ ਆਰ.ਟੀ.ਆਈ. ਦੀ ਕਾਪੀ ਮੁਹੱਈਆ ਕਰ ਦਿੱਤੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 25-02-2019 ਨੂੰ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਬੰਸ ਸਿੰਘ, (98773-06580)ਕਮ
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:3515 ਆਫ਼ 2013</u>**

**<u>ਹਾਜ਼ਰ:</u>**

1) ਸ਼੍ਰੀ ਹਰਬੰਸ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ (94174-79464)

**<u>ਹੁਕਮ:</u>**

ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ ਨੇ ਕਿਹਾ ਹੈ ਕਿ ਇਸ ਮਾਮਲੇ ਤੇ ਵਿਚਾਰ ਕਰਨ ਲਈ ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ ਵੱਲੋਂ ਵਧੀਕ ਡਿਪਟੀ ਕਮਿਸ਼ਨਰ, ਮੁਕਤਸਰ ਅਤੇ ਆਰ.ਓ.ਦੀ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ, ਮੁਕਤਸਰ ਮਿਤੀ 04-03-2019 ਤੱਕ ਛੁੱਟੀ ਤੇ ਹਨ।

2. ਉੱਤਰਦਾਤਾ ਵੱਲੋਂ ਪਿਛਲੀ ਮਿਤੀ 25-09-2018, 23-10-2018, 28-11-2018 ਅਤੇ 16-01-2018 ਤੇ ਵਾਰ-ਵਾਰ ਸਮੇਂ ਦੀ ਮੰਗ ਕੀਤੀ ਗਈ ਹੈ ਅਤੇ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ ਨੂੰ ਨਿੱਜੀ ਸਲਾਹ ਦੇਣ ਦੇ ਬਾਵਜੂਦ ਵੀ ਅਜੇ ਤੱਕ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮਹੱਈਆ ਨਹੀਂ ਕਰਵਾਈ ਗਈ। ਹਾਜ਼ਰ ਉੱਤਰਦਾਤਾ ਵੱਲੋਂ ਕਮੇਟੀ ਦੇ ਗਠਨ ਸਬੰਧੀ ਕੋਈ ਲਿਖਤੀ ਪੱਤਰ ਨਹੀਂ ਪੇਸ਼ ਕੀਤਾ ਗਿਆ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਕਿਸੇ ਕਮੇਟੀ ਦਾ ਗਠਨ ਹੋਇਆ ਵੀ ਹੈ ਜਾਂ ਨਹੀਂ। ਇਸ ਲਈ ਡਿਪਟੀ ਕਮਿਸ਼ਨਰ, ਮੁਕਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਮਾਮਲੇ ਦੀ ਪੜਤਾਲ ਜਲਦੀ ਮੁਕੰਮਲ ਕਰਵਾਈ ਜਾਵੇ ਅਤੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਪੂਰੇ ਵੇਰਵੇ ਸਹਿਤ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ।

3. ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਈ ਉਸ ਵੱਲੋਂ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ।

4. ਕਮਿਸ਼ਨ ਵੱਲੋ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 27-05-2013 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਅਤੇ ਇਸ ਕੇਸ ਦਾ ਫੈਸਲਾ ਸ਼੍ਰੀ ਸੁਰਿੰਦਰ ਅਵਸਥੀ ਵੱਲੋਂ ਮਿਤੀ 18-11-2013 ਨੂੰ ਕਰਨ ਉਪਰੰਤ ਮਾਨਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਵੱਲੋਂ ਇਹ ਕੇਸ ਇਸ ਬੈਂਚ ਨੂੰ ਰੀ-ਐਲੋਕੇਟ ਕੀਤਾ ਗਿਆ ਸੀ ਪਰੰਤੂ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਮੁਕਤਸਰ ਵੱਲੋਂ ਸ਼ਿਕਾਇਤਕਰਤਾ ਨੂੰ ਅਜੇ ਤੱਕ ਵੀ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:3515 ਆਫ਼ 2013

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ। ਇਸ ਲਈ ਡਿਪਟੀ ਕਮਿਸ਼ਨਰ, ਮੁਕਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਆਪਣੇ ਫੰਡ ਵਿੱਚੋਂ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਸ਼ਿਕਾਇਤਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਅਗਲੀ ਪੇਸ਼ੀ ਤੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 01-04-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ, ਚੰਡੀਗੜ੍ਹ, 20 ਫਰਵਰੀ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

**(ਰਜਿਸਟਰਡ)** ਡਿਪਟੀ ਕਮਿਸ਼ਨਰ, ਸ਼੍ਰੀ ਮੁਕਤਸਰ ਸਾਹਿਬ,

ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ।